ਜਿਹ ਸਿਮਰਨਿ ਹੋਇ ਮੁਕਤਿ ਦੁਆਰੁ ॥ ਜਾਹਿ ਬੈਕੁੰਠਿ ਨਹੀਸੰਸਾਰਿ ॥ ਨਿਰਭਉ ਕੈ ਘਰਿ ਬਜਾਵਹਿ ਤੂਰ ॥ ਅਨਹਦ ਬਜਹਿ ਸਦਾ ਭਰਪੂਰ ॥ ੧॥ ਐਸਾ ਸਿਮਰਨੁ ਕਰਿ ਮਨ ਮਾਹਿ ॥ ਬਿਨੁ ਸਿਮਰਨ ਮੁਕਤਿ ਕਤ ਨਾਹਿ ॥੧॥ ਰਹਾਉ ॥ ਜਿਹ ਸਿਮਰਨਿ ਨਾਹੀ ਨਨਕਾਰੁ ॥ ਮੁਕਤਿ ਕਰੈ ਉਤਰੈ ਬਹੁ ਭਾਰੁ ॥ ਨਮਸਕਾਰੁ ਕਰਿ ਹਿਰਦੈ ਮਾਹਿ ॥ ਫਿਰਿ ਫਿਰਿ ਤੇਰਾ ਆਵਨੁ ਨਾਹਿ ॥੨॥ ਜਿਹ ਸਿਮਰਨਿ ਕਰਹਿ ਤੂ ਕੇਲ ॥ ਦੀਪਕੁ ਬਾਂਧਿ ਧਰਿਓ ਬਿਨੁ ਤੇਲ ॥ ਸੋ ਦੀਪਕੁ ਅਮਰਕੁ ਸੰਸਾਰਿ ॥ ਕਾਮ ਕ੍ਰੋਧ ਬਿਖੁ ਕਾਢੀਲੇ ਮਾਰਿ ॥ ੩॥ ਜਿਹ ਸਿਮਰਨਿ ਤੇਰੀ ਗਤਿ ਹੋਇ ॥ ਸੋ ਸਿਮਰਨੁ ਰਖੁ ਕੰਠਿ ਪਰੋਇ ॥ ਸੋ ਸਿਮਰਨੁ ਕਰਿ ਨਹੀ ਰਾਖੁ ਉਤਾਰਿ ॥ ਗੁਰ ਪਰਸਾਦੀ ਉਤਰਹਿ ਪਾਰਿ ॥ ੪॥ ਜਿਹ ਸਿਮਰਨਿ ਨਾਹੀ ਤੁਹਿ ਕਾਨਿ ॥ ਮੰਦਰਿ ਸੋਵਹਿ ਪਟੰਬਰ ਤਾਨਿ ॥ ਸੇਜ ਸੁਖਾਲੀ ਬਿਗਸੈ ਜੀਉ ॥ ਸੋ ਸਿਮਰਨੁ ਤੂ ਅਨਦਿਨੁ ਪੀਉ ॥੫॥ ਜਿਹ ਸਿਮਰਨਿ ਤੇਰੀ ਜਾਇ ਬਲਾਇ ॥ ਜਿਹ ਸਿਮਰਨਿ ਤੁਝੁ ਪੋਹੈ ਨ ਮਾਇ ॥ ਸਿਮਰਿ ਸਿਮਰਿ ਹਰਿ ਹਰਿ ਮਨਿ ਗਾਈਐ ॥ ਇਹੁ ਸਿਮਰਨੁ ਸਤਿਗੁਰ ਤੇ ਪਾਈਐ ॥੬॥ ਸਦਾ ਸਦਾ ਸਿਮਰਿ ਦਿਨੁ ਰਾਤਿ ॥ ਊਠਤ ਬੈਠਤ ਸਾਸਿ ਗਿਰਾਸਿ ॥ ਜਾਗੁ ਸੋਇ ਸਿਮਰਨ ਰਸ ਭੋਗ ॥ ਹਰਿ ਸਿਮਰਨੁ ਪਾਈਐ ਸੰਜੋਗ ॥੭॥ ਜਿਹ ਸਿਮਰਨਿ ਨਾਹੀ ਤੁਝੁ ਭਾਰ ॥ ਸੋ ਸਿਮਰਨੁ ਰਾਮ ਨਾਮ ਅਧਾਰੁ ॥ ਕਹਿ ਕਬੀਰ ਜਾ ਕਾ ਨਹੀ ਅੰਤੁ ॥ ਤਿਸ ਕੇ ਆਗੇ ਤੰਤੁ ਨ ਮੰਤੁ ॥੮॥੯॥ {ਪੰਨਾ 971}

ਪਦਅਰਥ:- ਸਿਮਰਨਿ—ਸਿਮਰਨ ਕਰਨ ਵਾਲਾ। ਦੁਆਰੁ—ਬੂਹਾ, ਦਰਵਾਜ਼ਾ। ਹੋਇ—ਦਿੱਸ ਪੈਂਦਾ ਹੈ। ਜਾਹਿ—ਤੂੰ ਜਾਏਂਗਾ। ਸੰਸਾਰਿ—ਸੰਸਾਰ ਵਿਚ, ਸੰਸਾਰ-ਸਮੁੰਦਰ ਵਿਚ। ਘਰਿ—ਘਰ ਵਿਚ। ਤੂਰ—ਵਾਜੇ। ਅਨਹਦ—ਇੱਕ-ਰਸ। ਵਜਹਿ—(ਤੂਰ) ਵਜਹਿ, ਵਾਜੇ ਵੱਜਦੇ ਹਨ। ਭਰਪੂਰ—ਨਕਾ-ਨਕ, ਕਿਸੇ ਊਣਤਾ ਤੋਂ ਬਿਨਾ।1।

ਕਤ—ਕਿਤੇ ਭੀ, ਕਿਸੇ ਭੀ ਹੋਰ ਤਰੀਕੇ ਨਾਲ।1। ਰਹਾਉ।

ਨਨਕਾਰੁ—ਇਨਕਾਰ, ਰੋਕ-ਟੋਕ, ਵਿਕਾਰਾਂ ਵਲੋਂ ਰੁਕਾਵਟ। ਭਾਰੁ—ਵਿਕਾਰਾਂ ਦਾ ਬੋਝ।2।

ਕੇਲ—ਖ਼ੁਸ਼ੀਆਂ, ਅਨੰਦ। ਬਾਂਧਿ ਧਰਿਓ—(ਜਗਦਾ ਦੀਵਾ) ਟਿਕਾ ਰੱਖਿਆ ਹੈ। ਅਮਰਕੁ—ਅਮਰ ਕਰਨ ਵਾਲਾ। ਸੰਸਾਰਿ—ਸੰਸਾਰ ਵਿਚ। ਬਿਖੁ—ਜ਼ਹਿਰ।3।

ਗਤਿ—ਮੁਕਤੀ, ਉੱਚੀ ਆਤਮਕ ਅਵਸਥਾ। ਨਹੀ ਰਾਖੁ ਉਤਾਰਿ—(ਕੰਠ ਤੋਂ) ਲਾਹ ਕੇ ਨਾਹ ਰੱਖ।4।

ਕਾਨਿ—ਕਾਣ, ਮੁਥਾਜੀ। ਮੰਦਰਿ—ਘਰ ਵਿਚ, ਹਿਰਦੇ-ਘਰ ਵਿਚ, ਸ੍ਵੈ-ਸਰੂਪ ਵਿਚ। ਪਟੰਬਰ—ਪਟ-ਅੰਬਰ, ਪੱਟ ਕੇ ਕੱਪੜੇ। ਪਟੰਬਰ ਤਾਨਿ—ਪੱਟ ਦੇ ਕੱਪੜੇ ਤਾਣ ਕੇ, ਬੇ-ਫ਼ਿਕਰ ਹੋ ਕੇ। ਸੇਜ—ਹਿਰਦਾ। ਬਿਗਸੈ—ਖਿੜ ਪੈਂਦਾ ਹੈ। ਅਨਦਿਨੁ—ਹਰ ਰੋਜ਼।5।

ਬਲਾਇ—ਰੋਗ। ਮਾਇ—ਮਾਇਆ। ਮਨਿ—ਮਨ ਵਿਚ।6।

ਸਾਸਿ—ਸਾਹ ਦੇ ਨਾਲ। ਗਿਰਾਸਿ—ਗਿਰਾਹੀ ਦੇ ਨਾਲ। ਸੋਇ—ਸੌਂ। ਸੰਜੋਗ—ਭਾਗਾਂ ਨਾਲ।7।

ਅਧਾਰੁ—ਆਸਰਾ। ਤੰਤੁ—ਟੂਣਾ।8।

ਅਰਥ:- ਹੇ ਭਾਈ! ਪ੍ਰਭੂ ਦਾ ਸਿਮਰਨ ਕਰਨ ਤੋਂ ਬਿਨਾ ਕਿਸੇ ਭੀ ਹੋਰ ਤਰੀਕੇ ਨਾਲ (ਮਾਇਆ ਦੇ ਬੰਧਨਾਂ) ਤੋਂ ਖ਼ਲਾਸੀ ਨਹੀਂ ਮਿਲਦੀ ਤੂੰ ਆਪਣੇ ਮਨ ਵਿਚ ਅਜਿਹਾ (ਬਲ ਰੱਖਣ ਵਾਲਾ) ਸਿਮਰਨ ਕਰ।1। ਰਹਾਉ।

ਜਿਸ ਸਿਮਰਨ ਦੀ ਬਰਕਤਿ ਨਾਲ ਮੁਕਤੀ ਦਾ ਦਰ ਦਿੱਸ ਪੈਂਦਾ ਹੈ, (ਉਸ ਰਸਤੇ) ਤੂੰ ਪ੍ਰਭੂ ਦੇ ਚਰਨਾਂ ਵਿਚ ਜਾ ਅੱਪੜੇਂਗਾ, ਸੰਸਾਰ (-ਸਮੁੰਦਰ) ਵਿਚ ਨਹੀਂ (ਭਟਕੇਂਗਾ); ਜਿਸ ਅਵਸਥਾ ਵਿਚ ਕੋਈ ਡਰ ਨਹੀਂ ਪੋਹਦਾ, ਉਸ ਵਿਚ

ਪਹੁੰਚ ਕੇ ਤੂੰ (ਆਤਮਕ ਅਨੰਦ ਦੇ, ਮਾਨੋ) ਵਾਜੇ ਵਜਾਏਂਗਾ, ਉਹ ਵਾਜੇ (ਤੇਰੇ ਅੰਦਰ) ਸਦਾ ਇੱਕ-ਰਸ ਵੱਜਣਗੇ, (ਉਸ ਅਨੰਦ ਵਿਚ) ਕੋਈ ਊਣਤਾ ਨਹੀਂ ਆਵੇਗੀ।1।

ਜਿਸ ਸਿਮਰਨ ਨਾਲ (ਵਿਕਾਰ ਤੇਰੇ ਰਾਹ ਵਿਚ) ਰੁਕਾਵਟ ਨਹੀਂ ਪਾ ਸਕਣਗੇ, ਉਹ ਸਿਮਰਨ (ਮਾਇਆ ਦੇ ਬੰਧਨਾਂ ਤੋਂ) ਅਜ਼ਾਦ ਕਰ ਦੇਂਦਾ ਹੈ, (ਵਿਕਾਰਾਂ ਦਾ) ਬੋਝ (ਮਨ ਤੋਂ) ਉਤਰ ਜਾਂਦਾ ਹੈ। ਪ੍ਰਭੂ ਨੂੰ ਸਦਾ ਸਿਰ ਨਿਵਾ, ਤਾਂ ਜੁ ਮੁੜ ਮੁੜ ਤੈਨੂੰ (ਜਗਤ ਵਿਚ) ਆਉਣਾ ਨਾਹ ਪਏ।2।

(ਹੇ ਭਾਈ!) ਜਿਸ ਸਿਮਰਨ ਦੀ ਰਾਹੀਂ ਤੂੰ ਅਨੰਦ ਲੈ ਰਿਹਾ ਹੈਂ (ਭਾਵ, ਚਿੰਤਾ ਆਦਿਕ ਤੋਂ ਬਚਿਆ ਰਹਿੰਦਾ ਹੈਂ), ਤੇਰੇ ਅੰਦਰ ਸਦਾ (ਗਿਆਨ ਦਾ) ਦੀਵਾ ਜਗਦਾ ਰਹਿੰਦਾ ਹੈਂ, (ਵਿਕਾਰਾਂ ਦੇ) ਤੇਲ (ਵਾਲਾ ਦੀਵਾ) ਨਹੀਂ ਰਹਿੰਦਾ, ਉਹ ਦੀਵਾ (ਜਿਸ ਮਨੁੱਖ ਦੇ ਅੰਦਰ ਜਗ ਪਏ ਉਸ ਨੂੰ) ਸੰਸਾਰ ਵਿਚ ਅਮਰ ਕਰ ਦੇਂਦਾ ਹੈ, ਕਾਮ ਕ੍ਰੋਧ ਆਦਿਕ ਦੀ ਜ਼ਹਿਰ ਨੂੰ (ਅੰਦਰੋਂ) ਮਾਰ ਕੇ ਕੱਢ ਦੇਂਦਾ ਹੈ।3।

ਜਿਸ ਸਿਮਰਨ ਦੀ ਬਰਕਤਿ ਨਾਲ ਤੇਰੀ ਉੱਚੀ ਆਤਮਕ ਅਵਸਥਾ ਬਣਦੀ ਹੈ, ਤੂੰ ਉਸ ਸਿਮਰਨ (ਰੂਪ ਹਾਰ) ਨੂੰ ਪ੍ਰੋ ਕੇ ਸਦਾ ਗਲ ਵਿਚ ਪਾਈ ਰੱਖ, (ਕਦੇ ਭੀ ਗਲੋਂ) ਲਾਹ ਕੇ ਨਾਹ ਰੱਖੀਂ, ਸਦਾ ਸਿਮਰਨ ਕਰ, ਗੁਰੂ ਦੀ ਮਿਹਰ ਨਾਲ (ਸੰਸਾਰ-ਸਮੁੰਦਰ ਤੋਂ) ਪਾਰ ਲੰਘ ਜਾਏਂਗਾ।4।

(ਹੇ ਭਾਈ!) ਜਿਸ ਸਿਮਰਨ ਨਾਲ ਤੈਨੂੰ ਕਿਸੇ ਦੀ ਮੁਥਾਜੀ ਨਹੀਂ ਰਹਿੰਦੀ, ਆਪਣੇ ਘਰ ਵਿਚ ਬੇ-ਫ਼ਿਕਰ ਹੋ ਕੇ ਸੌਂਦਾ ਹੈਂ, ਹਿਰਦੇ ਵਿਚ ਸੁਖ ਹੈ, ਜਿੰਦ ਖਿੜੀ ਰਹਿੰਦੀ ਹੈ, ਐਸਾ ਸਿਮਰਨ-ਰੂਪ ਅੰਮ੍ਰਿਤ ਹਰ ਵੇਲੇ ਪੀਂਦਾ ਰਹੁ।5।

ਜਿਸ ਸਿਮਰਨ ਕਰਕੇ ਤੇਰਾ ਆਤਮਕ ਰੋਗ ਕੱਟਿਆ ਜਾਂਦਾ ਹੈ, ਤੈਨੂੰ ਮਾਇਆ ਨਹੀਂ ਪੋਂਹਦੀ, ਹੇ ਭਾਈ! ਸਦਾ ਇਹ ਸਿਮਰਨ ਕਰ, ਆਪਣੇ ਮਨ ਵਿਚ ਹਰੀ ਦੀ ਸਿਫ਼ਤਿ-ਸਾਲਾਹ ਕਰ (ਪਰ, ਗੁਰੂ ਦੀ ਸ਼ਰਨ ਪਉ), ਇਹ ਸਿਮਰਨ ਗੁਰੂ ਤੋਂ ਹੀ ਮਿਲਦਾ ਹੈ।6।

ਹੇ ਭਾਈ! ਸਦਾ ਦਿਨ ਰਾਤ, ਉੱਠਦਿਆਂ ਬੈਠਦਿਆਂ, ਖਾਂਦਿਆਂ, ਸਾਹ ਲੈਂਦਿਆਂ, ਜਾਗਦਿਆਂ, ਸੁੱਤਿਆਂ ਹਰ ਵੇਲੇ ਸਿਮਰਨ ਦਾ ਰਸ ਲੈ। (ਹੇ ਭਾਈ!) ਪ੍ਰਭੂ ਦਾ ਸਿਮਰਨ ਭਾਗਾਂ ਨਾਲ ਮਿਲਦਾ ਹੈ।7।

ਜਿਸ ਸਿਮਰਨ ਨਾਲ ਤੇਰੇ ਉੱਤੋਂ (ਵਿਕਾਰਾਂ ਦਾ) ਬੋਝ ਲਹਿ ਜਾਇਗਾ, ਪ੍ਰਭੂ ਦੇ ਨਾਮ ਦੇ ਉਸ ਸਿਮਰਨ ਨੂੰ (ਆਪਣੀ ਜਿੰਦ ਦਾ) ਆਸਰਾ ਬਣਾ। ਕਬੀਰ ਆਖਦਾ ਹੈ—ਉਸ ਪ੍ਰਭੂ ਦੇ ਗੁਣਾਂ ਦਾ ਅੰਤ ਨਹੀਂ ਪੈ ਸਕਦਾ, (ਉਸ ਦੀ ਯਾਦ ਤੋਂ ਬਿਨਾ) ਕੋਈ ਹੋਰ ਮੰਤਰ, ਕੋਈ ਹੋਰ ਟੂਣਾ ਉਸ ਦੇ ਸਾਹਮਣੇ ਨਹੀਂ ਚੱਲ ਸਕਦਾ (ਹੋਰ ਕਿਸੇ ਤਰੀਕੇ ਨਾਲ ਉਸ ਨੂੰ ਮਿਲ ਨਹੀਂ ਸਕਦਾ)।8।9।